ਗਉੜੀ ਪੂਰਬੀ ਮਹਲਾ ੪ ॥ ਜਗਜੀਵਨ ਅਪਰੰਪਰ ਸੁਆਮੀ ਜਗਦੀਸੁਰ ਪੁਰਖ ਬਿਧਾਤੇ ॥ ਜਿਤੁ ਮਾਰਗਿ ਤੁਮ ਪ੍ਰੇਰਹੁ ਸੁਆਮੀ ਤਿਤੁ ਮਾਰਗਿ ਹਮ ਜਾਤੇ ॥੧॥ ਰਾਮ ਮੇਰਾ ਮਨੁ ਹਰਿ ਸੇਤੀ ਰਾਤੇ ॥ ਸਤਸੰਗਤਿ ਮਿਲਿ ਰਾਮ ਰਸੁ ਪਾਇਆ ਹਰਿ ਰਾਮੈ ਨਾਮਿ ਸਮਾਤੇ ॥੧॥ ਰਹਾਉ ॥ ਹਰਿ ਹਰਿ ਨਾਮੁ ਹਰਿ ਹਰਿ ਜਗਿ ਅਵਖਧੁ ਹਰਿ ਹਰਿ ਨਾਮੁ ਹਰਿ ਸਾਤੇ ॥ ਤਿਨ ਕੇ ਪਾਪ ਦੋਖ ਸਭਿ ਬਿਨਸੇ ਜੋ ਗੁਰਮਤਿ ਰਾਮ ਰਸੁ ਖਾਤੇ ॥੨॥ ਜਿਨ ਕਉ ਲਿਖਤੁ ਲਿਖੇ ਧੁਰਿ ਮਸਤਕਿ ਤੇ ਗੁਰ ਸੰਤੋਖ ਸਰਿ ਨਾਤੇ ॥ ਦੁਰਮਤਿ ਮੈਲੁ ਗਈ ਸਭ ਤਿਨ ਕੀ ਜੋ ਰਾਮ ਨਾਮ ਰੰਗਿ ਰਾਤੇ ॥ ੩॥ ਰਾਮ ਤੁਮ ਆਪੇ ਆਪਿ ਆਪਿ ਪ੍ਰਭੁ ਠਾਕੁਰ ਤੁਮ ਜੇਵਡ ਅਵਰੁ ਨ ਦਾਤੇ ॥ ਜਨੁ ਨਾਨਕੁ ਨਾਮੁ ਲਏ ਤਾਂ ਜੀਵੈ ਹਰਿ ਜਪੀਐ ਹਰਿ ਕਿਰਪਾ ਤੇ ॥੪॥੨॥੧੬॥੫੪॥ {ਪੰਨਾ 169}

ਪਦਅਰਥ:- ਜਗਜੀਵਨ—ਹੇ ਜਗਤ ਦੇ ਜੀਵਨ! ਅਪਰੰਪਰ—ਪਰੇ ਤੋਂ ਪਰੇ। ਜਗਦੀਸੁਰ—(jgq` eLÓvr) ਹੇ ਜਗਤ ਦੇ ਈਸ਼ਵਰ! ਬਿਧਾਤੇ—ਹੇ ਸਿਰਜਣਹਾਰ! ਜਿਤੁ—ਜਿਸ ਵਿਚ। ਮਾਰਗਿ—ਰਸਤੇ ਵਿਚ। ਜਿਤੁ ਮਾਰਗਿ—ਜਿਸ ਰਾਹ ਉੱਤੇ।1।

ਸੇਤੀ—ਨਾਲ। ਰਾਤੇ—ਰੰਗਿਆ ਹੋਇਆ। ਮਿਲਿ—ਮਿਲ ਕੇ। ਨਾਮਿ—ਨਾਮ ਵਿਚ।1। ਰਹਾਉ।

ਜਗਿ—ਜਗਤ ਵਿਚ। ਅਵਖਧੁ—ਦਵਾਈ। ਸਾਤਿ—ਸ਼ਾਂਤਿ (ਦੇਣ ਵਾਲਾ)। ਦੋਖ—ਐਬ।2।

ਧੁਰਿ—ਧੁਰ ਦਰਗਾਹ ਤੋਂ। ਮਸਤਕਿ—ਮੱਥੇ ਉੱਤੇ। ਸਰਿ—ਸਰ ਵਿਚ। ਸੰਤੋਖ ਸਰਿ—ਸੰਤੋਖ ਦੇ ਸਰ ਵਿਚ।3।

ਠਾਕੁਰ—ਹੇ ਠਾਕੁਰ! ਜੀਵੈ—ਆਤਮਕ ਜੀਵਨ ਪ੍ਰਾਪਤ ਕਰਦਾ ਹੈ। ਤੇ—ਤੋਂ, ਨਾਲ।4।

ਅਰਥ:- ਹੇ ਰਾਮ (ਮਿਹਰ ਕਰ) ਮੇਰਾ ਮਨ ਤੇਰੇ (ਨਾਮ) ਵਿਚ ਰੰਗਿਆ ਰਹੇ। (ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੀ ਕਿਰਪਾ ਨਾਲ) ਸਾਧ ਸੰਗਤਿ ਵਿਚ ਮਿਲ ਕੇ ਰਾਮ-ਰਸ ਪ੍ਰਾਪਤ ਕਰ ਲਿਆ, ਉਹ ਪਰਮਾਤਮਾ ਦੇ ਨਾਮ ਵਿਚ ਹੀ ਮਸਤ ਰਹਿੰਦੇ ਹਨ।1। ਰਹਾਉ।

ਹੇ ਜਗਤ ਦੇ ਜੀਵਨ ਪ੍ਰਭੂ! ਹੇ ਬੇਅੰਤ ਪ੍ਰਭੂ! ਹੇ ਸੁਆਮੀ! ਹੇ ਜਗਤ ਦੇ ਈਸ਼ਵਰ! ਹੇ ਸਰਬ-ਵਿਆਪਕ! ਹੇ ਸਿਰਜਣਹਾਰ! ਸਾਨੂੰ ਜੀਵਾਂ ਨੂੰ ਤੂੰ ਜਿਸ ਰਸਤੇ ਉਤੇ (ਤੁਰਨ ਲਈ) ਪ੍ਰੇਰਦਾ ਹੈਂ, ਅਸੀਂ ਉਸ ਰਸਤੇ ਉਤੇ ਹੀ ਤੁਰਦੇ ਹਾਂ।1।

(ਹੇ ਭਾਈ!) ਪਰਮਾਤਮਾ ਦਾ ਨਾਮ ਜਗਤ ਵਿਚ (ਸਭ ਰੋਗਾਂ ਦੀ) ਦਵਾਈ ਹੈ, ਪਰਮਾਤਮਾ ਦਾ ਨਾਮ (ਆਤਮਕ) ਸ਼ਾਂਤੀ ਦੇਣ ਵਾਲਾ ਹੈ। ਜੇਹੜੇ ਮਨੁੱਖ ਗੁਰੂ ਦੀ ਮਤਿ ਲੈ ਕੇ ਪਰਮਾਤਮਾ ਦਾ ਨਾਮ-ਰਸ ਚੱਖਦੇ ਹਨ, ਉਹਨਾਂ ਦੇ ਸਾਰੇ ਪਾਪ ਸਾਰੇ ਐਬ ਨਾਸ ਹੋ ਜਾਂਦੇ ਹਨ।2।

ਜਿਨ੍ਹਾਂ ਮਨੁੱਖਾਂ ਦੇ ਮੱਥੇ ਉੱਤੇ ਧੁਰ ਦਰਗਾਹ ਤੋਂ (ਭਗਤੀ ਦਾ) ਲੇਖ ਲਿਖਿਆ ਜਾਂਦਾ ਹੈ, ਉਹ ਮਨੁੱਖ ਗੁਰੂ-ਰੂਪ ਸੰਤੋਖਸਰ ਵਿਚ ਇਸ਼ਨਾਨ ਕਰਦੇ ਹਨ (ਭਾਵ, ਉਹ ਮਨੁੱਖ ਗੁਰੂ ਵਿਚ ਆਪਣਾ ਆਪ ਲੀਨ ਕਰ ਦੇਂਦੇ ਹਨ ਤੇ ਉਹ ਸੰਤੋਖ ਵਾਲਾ ਜੀਵਨ ਜੀਊਂਦੇ ਹਨ)। ਜੇਹੜੇ ਮਨੁੱਖ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਂਦੇ ਹਨ, ਉਹਨਾਂ ਦੀ ਭੈੜੀ ਮਤਿ ਵਾਲੀ ਸਾਰੀ ਮੈਲ ਦੂਰ ਹੋ ਜਾਂਦੀ ਹੈ।3।

ਹੇ ਰਾਮ! ਹੇ ਠਾਕੁਰ! ਤੂੰ ਆਪ ਹੀ ਤੂੰ ਆਪ ਹੀ ਤੂੰ ਆਪ ਹੀ (ਸਭ ਜੀਵਾਂ ਦਾ) ਮਾਲਕ ਹੈਂ, ਤੇਰੇ ਜੇਡਾ ਵੱਡਾ ਕੋਈ ਹੋਰ ਦਾਤਾ ਨਹੀਂ ਹੈ। ਦਾਸ ਨਾਨਕ ਜਦੋਂ ਪਰਮਾਤਮਾ ਦਾ ਨਾਮ ਜਪਦਾ ਹੈ, ਤਾਂ ਆਤਮਕ ਜੀਵਨ ਪ੍ਰਾਪਤ ਕਰ ਲੈਂਦਾ ਹੈ। (ਪਰ) ਪਰਮਾਤਮਾ ਦਾ ਨਾਮ ਪਰਮਾਤਮਾ ਦੀ ਮਿਹਰ ਨਾਲ ਹੀ ਜਪਿਆ ਜਾ ਸਕਦਾ ਹੈ।4।2।16। 54।